# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-11-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬ੍ਰਾਜ਼ੀਲ ਦੇ ਸ਼ਹਿਰ, ਰੀਓ ਡੀ ਜੇਨੇਰੀਓ ਵਿੱਚ ਜੀ-20 ਸਿਖਰ ਸੰਮੇਲਨ ਮੌਕੇ 'ਤੇ ਵਿਸ਼ਵ ਨੇਤਾਵਾਂ ਨਾਲ ਅਹਿਮ ਮੀਟਿੰਗਾਂ ਅਤੇ ਕਈ ਨੇਤਾਵਾਂ ਨਾਲ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਨੇ ਅੱਜ ਸੋਸ਼ਲ ਮੀਡੀਆ 'ਤੇ ਪੋਸਟਾਂ ਰਾਹੀਂ ਆਪਣੀਆਂ ਚਰਚਾਵਾਂ ਦੇ ਵੇਰਵੇ ਸਾਂਝੇ ਕੀਤੇ ਨੇ. ਓਹਨਾਂ ਮਿਸਰ ਦੇ ਰਾਸ਼ਟਰਪਤੀ ਅਬਦੇਲ ਫਤਾਹ ਅਲ-ਸੀਸੀ, ਦੱਖਣੀ ਕੋਰੀਆ ਦੇ ਰਾਸ਼ਟਰਪਤੀ Yoon Suk Yeol, ਅਤੇ ਯੂਰਪੀ ਕਮਿਸ਼ਨ ਦੇ ਮੁਖੀ Ursula von der Leyen ਨਾਲ ਆਪਣੇ ਰੁਝੇਵਿਆਂ ਨੂੰ ਉਜਾਗਰ ਕੀਤਾ ਏ। ਯੂਰਪੀ ਸੰਘ ਦੇ ਮੁਖੀ ਨਾਲ ਮੁਲਾਕਾਤ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ, ਆਲਮੀ ਭਲੇ ਲਈ ਯੂਰਪੀ ਸੰਘ ਨਾਲ ਰਲ ਕੇ ਕੰਮ ਕਰਦਾ ਰਹੇਗਾ। ਇਸ ਤੋਂ ਪਹਿਲਾਂ, ਜੀ-20 ਦੇ ਉਦਘਾਟਨੀ ਸੈਸ਼ਨ ਵਿੱਚ

ਹਿੱਸਾ ਲੈਂਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਗਰੀਬੀ ਦੇ ਖਾਤਮੇ ਅਤੇ ਭੋਜਨ ਸੁਰੱਖਿਆ ਵਿੱਚ ਭਾਰਤ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ ਤੇ ਪਿਛਲੇ ਦਹਾਕੇ ਵਿੱਚ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਣ ਵਰਗੀਆਂ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ। ਓਹਨਾਂ, ਵਿਸ਼ਵਵਿਆਪੀ ਭੁੱਖ ਅਤੇ ਗਰੀਬੀ ਨਾਲ ਨਜਿਠਣ ਲਈ ਭਾਰਤ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਲਮੀ ਦਖਣ ਦੀਆਂ ਚਿੰਤਾਵਾਂ ਨੂੰ ਜੀ-20 ਵਿਚਾਰ-ਵਟਾਂਦਰੇ ਦੇ ਕੇਂਦਰ ਵਿੱਚ ਰਹਿਣਾ ਚਾਹੀਦਾ ਏ ।

---

ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਭਲਕੇ ਹੋਣ ਵਾਲੀਆਂ ਜ਼ਿਮਨੀ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ । ਹੁਸ਼ਿਆਰਪੁਰ ਦੇ ਚੱਬੇਵਾਲ, ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ, ਸ੍ਰੀ ਮੁਕਤਸਰ ਸਾਹਿਬ ਦੇ ਗਿੱਦੜਬਾਹਾ ਅਤੇ ਬਰਨਾਲਾ ਸਮੇਤ ਚਾਰ ਹਲਕਿਆਂ ਦੇ ਕਰੀਬ 7 ਲੱਖ ਵੋਟਰ ਆਪਣੀ ਵੋਟ ਪਾਉਣ ਦੇ ਯੋਗ ਨੇ ।

ਤਿੰਨ ਪ੍ਰਮੁੱਖ ਸਿਆਸੀ ਪਾਰਟੀਆਂ ਭਾਜਪਾ, ਕਾਂਗਰਸ ਅਤੇ ਆਮ ਆਦਮੀ ਪਾਰਟੀ (ਆਪ) ਚੋਣ ਮੈਦਾਨ ਵਿੱਚ ਨੇ. ਸੂਬੇ ਦੀ ਸਭ ਤੋਂ ਵੱਡੀ ਖੇਤਰੀ ਸਿਆਸੀ ਪਾਰਟੀ, ਸ਼੍ਰੋਮਣੀ ਅਕਾਲੀ ਦਲ (SAD) ਨੇ ਪਹਿਲਾਂ ਹੀ ਜ਼ਿਮਨੀ ਚੋਣਾਂ ਨਾ ਲੜਨ ਦਾ ਐਲਾਨ ਕਰ ਦਿੱਤਾ ਏ। ਮੁੱਖ ਚੋਣ ਅਧਿਕਾਰੀ, ਸਿਬਿਨ ਸੀ ਨੇ ਦੱਸਿਆ ਏ ਕਿ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (CAPF) ਦੀਆਂ 17 ਕੰਪਨੀਆਂ ਦੇ ਨਾਲ-ਨਾਲ ਪੰਜਾਬ ਪੁਲਿਸ ਦੇ ਛੇ ਹਜ਼ਾਰ ਤੋਂ ਵੱਧ ਮੁਲਾਜ਼ਮਾਂ ਅਤੇ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ ਏ । ਇਸ ਤੋਂ ਇਲਾਵਾ ਪੋਲਿੰਗ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ 3 ਹਜ਼ਾਰ 800 ਤੋਂ ਵੱਧ ਪੋਲਿੰਗ ਅਮਲੇ ਦੀਆਂ ਡਿਊਟੀਆਂ ਲਗਾਈਆਂ ਗਈਆਂ ਨੇ. ਚਾਰੇ ਹਲਕਿਆਂ ਦੇ ਕੁੱਲ 831 ਵੋਟ ਕੇਂਦਰਾਂ ਵਿੱਚੋਂ 244 ਨਾਜ਼ੁਕ ਸ਼੍ਰੇਣੀ ਵਿੱਚ ਨੇ । ਰੀਅਲ-ਟਾਇਮ ਨਿਗਰਾਨੀ ਨੂੰ ਯਕੀਨੀ ਬਣਾਉਣ ਲਈ ਸਾਰੇ ਵੋਟ ਕੇਂਦਰਾਂ ਦੀ CCTV ਕੈਮਰਿਆਂ ਰਾਹੀਂ 100 ਫੀਸਦੀ ਲਾਈਵ ਵੈਬਕਾਸਟਿੰਗ ਨਾਲ ਨਿਗਰਾਨੀ ਕੀਤੀ ਜਾਵੇਗੀ। ਵੋਟਾਂ, ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ। ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਹੋਵੇਗੀ।

---------------------------------------------------------

ਕਪੂਰਥਲਾ ਜ਼ਿਲ੍ਹੇ ਵਿਚ ਝੋਨੇ ਦੀ ਖਰੀਦ ਨੇ ਮਿੱਥੇ ਗਏ 76 ਹਜਾਰ 983 ਟਨ ਦੇ ਟੀਚੇ ਨੂੰ ਪਿੱਛੇ ਛੱਡਦਿਆਂ ਦੇਰ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ 8 ਲੱਖ 278 ਟਨ ਝੋਨੇ ਦੀ ਖਰੀਦ ਦਰਜ ਕੀਤੀ ਗਈ ਏ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਇਸ ਸੀਜ਼ਨ ਦੌਰਾਨ 7 ਲੱਖ 60 ਹਜਾਰ ਟਨ ਝੋਨੇ ਦੀ ਖਰੀਦ ਦਾ ਟੀਚਾ ਸੀ, ਜੋਕਿ ਬੰਪਰ ਉਤਪਾਦਨ ਦੇ ਨਾਲ ਪੂਰਾ ਕਰ ਲਿਆ ਗਿਆ ਏ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖਰੀਦੇ ਗਏ ਝੋਨੇ ਦੀ ਅਦਾਇਗੀ ਨਾਲੋਂ-ਨਾਲ ਯਕੀਨੀ ਬਣਾਈ ਗਈ, ਜਿਸ ਤਹਿਤ 18 ਸੌ 6 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ।

---------------------------------------------------------

ਜਲੰਧਰ ਐੱਨ ਸੀ ਸੀ ਗਰੁੱਪ ਦਾ ਆਖਰੀ ਕੈਂਪ ਪੰਜਾਬ ਐੱਨ ਸੀ ਸੀ ਬਟਾਲੀਅਨ ਦੀ ਅਗਵਾਈ ਹੇਠ ਡੀਏਵੀ ਇੰਸਟੀਚਿਊਟ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਕਾਲਜ ਵਿਖੇ ਸ਼ੁਰੂ ਹੋ ਗਿਆ ਏ। 10 ਦਿਨਾਂ ਕੈਂਪ ਵਿੱਚ 350 ਕੈਡਿਟ ਭਾਗ ਲੈ ਰਹੇ ਨੇ। ਕੈਂਪ ਕਮਾਂਡੈਂਟ

ਕਰਨਲ ਵਿਨੋਦ ਜੋਸ਼ੀ ਨੇ ਦੱਸਿਆ ਕਿ ਕੈਂਪ ਵਿੱਚ 21 ਪੰਜਾਬ ਐੱਨਸੀਸੀ ਬਟਾਲੀਅਨ ਕਪੂਰਥਲਾ, 12 ਪੰਜਾਬ ਐੱਨਸੀਸੀ ਬਟਾਲੀਅਨ ਹੁਸ਼ਿਆਰਪੁਰ, 8 ਪੰਜਾਬ ਐੱਨਸੀਸੀ ਬਟਾਲੀਅਨ ਫਗਵਾੜਾ, 2 ਗਰਲਜ਼ ਐੱਨਸੀਸੀ ਬਟਾਲੀਅਨ ਜਲੰਧਰ ਅਤੇ 2 ਪੰਜਾਬ ਐੱਨਸੀਸੀ ਬਟਾਲੀਅਨ ਦੇ ਕੈਡਿਟਸ ਭਾਗ ਲੈ ਰਹੇ ਨੇ। ਕੈਂਪ ਦੇ ਪਹਿਲੇ ਦਿਨ, ਕੈਂਪ ਦੀ ਸ਼ੁਰੂਆਤ ਦਸਤਾਵੇਜ਼ੀ ਤਸਦੀਕ, ਬਾਇਓਮੈਟ੍ਰਿਕਸ, ਕੈਡਿਟਾਂ ਦੀ ਕੰਪਨੀਆਂ ਵਿੱਚ ਵੰਡ, ਕੈਂਪ ਕਮਾਂਡਰ ਦੁਆਰਾ ਕੈਂਪ ਦਾ ਉਦਘਾਟਨੀ ਭਾਸ਼ਣ ਅਤੇ ਰੋਲ ਕਾਲ ਨਾਲ ਹੋਈ। ਕੈਂਪ ਕਮਾਂਡਰ ਨੇ ਦੱਸਿਆ ਕਿ ਐੱਨ.ਸੀ.ਸੀ. ਦੇ ਸਿਲੇਬਸ ਅਨੁਸਾਰ ਕੈਡਿਟਾਂ ਨੂੰ 36 ਵਿਸ਼ਿਆਂ ਦੀ ਪੜ੍ਹਾਈ ਕਰਵਾਈ ਜਾਵੇਗੀ। ਹਥਿਆਰਾਂ ਦੀ ਸਿਖਲਾਈ, ਹਥਿਆਰ ਖੋਲ੍ਹਣ ਅਤੇ ਬੰਦ ਕਰਨ ਦੀ ਸਿਖਲਾਈ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਕੈਡਿਟਾਂ ਦੀ ਟ੍ਰੇਨਿੰਗ ਰੁਟੀਨ ਸਵੇਰੇ ਸਾਢੇ ਚਾਰ ਵਜੇ ਤੋਂ ਸ਼ੁਰੂ ਹੋਵੇਗੀ ਅਤੇ ਹਰ ਰੋਜ਼ ਸ਼ਾਮ ਅੱਠ ਵਜੇ ਤੱਕ ਜਾਰੀ ਰਹੇਗੀ।

---------------------------------------------------

ਪੰਜਾਬ ਪੁਲਿਸ ਨੇ ਡਿਜੀਟਲ ਅਰੈਸਟ ਸਾਈਬਰ ਧੋਖਾਧੜੀ ਵਿੱਚ

ਸ਼ਾਮਲ ਅਸਾਮ ਦੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਨਜ਼ਰੁਲ ਅਲੀ ਅਤੇ ਮਿਦੁਲ ਅਲੀ ਵਜੋਂ ਹੋਈ ਏ, ਦੋਵੇਂ ਆਸਾਮ ਦੇ ਕਾਮਰੂਪ ਦੇ ਰਹਿਣ ਵਾਲੇ ਨੇ। ਉਨ੍ਹਾਂ ਦੱਸਿਆ ਕਿ 76 ਸਾਲਾ ਸੇਵਾਮੁਕਤ ਸਰਕਾਰੀ ਅਧਿਕਾਰੀ ਨੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਕੋਲ ਆਪਣੇ ਨਾਲ ਹੋਈ ਇਸ ਠੱਗੀ ਦੀ ਸ਼ਿਕਾਇਤ ਦਰਜ ਕਰਵਾਈ ਸੀ। ਉਨ੍ਹਾਂ ਕਿਹਾ ਕਿ ਤਫ਼ਤੀਸ਼ ਦੌਰਾਨ ਗ੍ਰਿਫ਼ਤਾਰ ਮੁਲਜ਼ਮਾਂ ਦੇ ਹੋਰ ਸਾਈਬਰ ਧੋਖਾਧੜੀ ਵਿੱਚ ਅੰਤਰਰਾਜੀ ਸਬੰਧਾਂ ਦਾ ਖੁਲਾਸਾ ਹੋਇਆ ਏ।

---------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ ਯਾਨੀ ਕਿ PSTET ਦੀ ਪਰੀਖਿਆ ਪਹਿਲੀ ਦਸੰਬਰ 2024 ਨੂੰ ਕਰਵਾਈ ਜਾਵੇਗੀ। ਇਸ ਪਰੀਖਿਆ ਲਈ ਉਮੀਦਵਾਰਾਂ ਦੇ ਪੇਪਰ-1 ਤੇ ਪੇਪਰ-2 ਦੇ ਰੋਲ ਨੰਬਰ ਬੋਰਡ ਦੀ ਵੈਬ-ਸਾਈਟ ‘ਤੇ ਅਪਲੋਡ ਕੀਤੇ ਕਾ ਚੁੱਕੇ ਨੇ ।

ਜੇਕਰ ਰੋਲ ਨੰਬਰ ਸਬੰਧਤ ਕੋਈ ਕਮੀ ਪੇਸ਼ੀ ਪਾਈ ਜਾਂਦੀ ਏ, ਤਾਂ ਇਸ ਨੂੰ ਠੀਕ ਕਰਵਾਉਣ ਲਈ 22 ਨਵੰਬਰ ਤੱਕ ਬੋਰਡਜ ਦੇ ਮੋਹਾਲੀ ਸਥਿਤ ਦਫਤਰ ਨਾਲ ਸਪੰਰਕ ਕੀਤਾ ਜਾ ਸਕਦਾ ਏ।

---------------------------------------------------------

ਤਰਨਤਾਰਨ ਵਿਖੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਚ ਨਸ਼ਿਆਂ ਦੀ ਰੋਕਥਾਮ ਸਬੰਧੀ ਇੱਕ ਰੋਜ਼ਾ ਸਮਰੱਥਾ ਨਿਰਮਾਣ ਵਰਕਸ਼ਾਪ ਕਰਵਾਈ ਗਈ। ਇਸ ਵਿੱਚ 80 ਨੌਜਵਾਨ ਵਲੰਟੀਅਰਾਂ ਨੇ ਭਾਗ ਲਿਆ। ਇਹ ਪ੍ਰੋਗਰਾਮ ਨਸ਼ਾਖੋਰੀ ਅਤੇ ਇਸ ਦੇ ਨੁਕਸਾਨ ਬਾਰੇ ਜਾਗਰੂਕਤਾ 'ਤੇ ਕੇਂਦਰਿਤ ਸੀ। ਪ੍ਰੋਗਰਾਮ ਦਾ ਉਦਘਾਟਨ ਜ਼ਿਲ੍ਹਾ ਯੂਥ ਅਫ਼ਸਰ ਜਸਲੀਨ ਕੌਰ ਨੇ ਨਸ਼ਿਆਂ ਦੇ ਮੂਲ ਕਾਰਨਾਂ ਅਤੇ ਇਸ ਦੀ ਰਵਰਤੋਂ, ਵਿਅਕਤੀਆਂ ਅਤੇ ਪਰਿਵਾਰਾਂ 'ਤੇ ਇਸ ਦੇ ਪ੍ਰਭਾਵ ਅਤੇ ਇਸ ਅਲਾਮਤ ਨਾਲ ਨਜਿੱਠਣ ਦੇ ਸੰਭਾਵੀ ਹੱਲਾਂ ਬਾਰੇ ਚਾਨਣਾ ਪਾ ਕੇ ਕੀਤਾ।